ਦਫਤਰ ਡਾਇਰੈਕਟਰ ਸਿੱਖਿਆ ਵਿਭਾਗ (ਸੈਸਿ), ਪੰਜਾਬ, ਐਸ.ਏ.ਐਸ.ਨਗਰ

(ਕੋਆਰਡੀਨੇਸ਼ਨ ਸ਼ਾਖਾ)

ਸੇਵਾ ਵਿਖੇ

1. ਸਮੂਹ ਜਿਲ੍ਹਾ ਸਿੱਖਿਆ ਅਫਸਰ (ਸੈਸਿ/ਐਸਿ), ਪੰਜਾਬ।
2. ਸਮੂਹ ਸਕੂਲ ਮੁਖੀ, ਪੰਜਾਬ।

(ਵੈਬਸਾਈਟ ਰਾਹੀਂ)

ਮੀਮੋ ਨੰ: 299688/202343227-228

ਮਿਤੀ. 14 .02.2023

ਵਿਸ਼ਾ: ਰਿਟਾਇਰ ਹੋਣ ਵਾਲੇ ਅਧਿਕਾਰੀਆਂ/ਕਰਮਚਾਰੀਆਂ ਦੇ ਪੈਨਸ਼ਨ ਪੇਪਰ ਉਹਨਾਂ ਦੀ ਰਿਟਾਇਰ ਹੋਣ ਦੀ ਮਿਤੀ ਤੋਂ ਘੱਟੋ ਘੱਟ ਛੇ ਮਹੀਨੇ ਪਹਿਲਾਂ ਤਿਆਰ ਕਰਕੇ ਮਹਾਂਲੇਖਾਕਾਰ, ਪੰਜਾਬ ਦੇ ਦਫਤਰ ਨੂੰ ਭੇਜਣ ਬਾਰੇ।

ਹਵਾਲਾ: ਪੰਜਾਬ ਸਰਕਾਰ, ਪੈਨਸ਼ਨਾ ਅਤੇ ਪੈਨਸ਼ਨਰਾਂ ਦੀ ਭਲਾਈ ਡਾਇਰੈਕਟੋਰੇਟ (ਪੈਨਸ਼ਨ-2 ਸ਼ਾਖਾ) ਪੱਤਰ ਨੰ. 12026/1/2020-2ਪੀ2/99 ਮਿਤੀ 23.01.2023.

ਉਪਰੋਕਤ ਵਿਸ਼ੇ ਤੇ ਹਵਾਲਾ ਅਧੀਨ ਪੱਤਰਾਂ ਦੀ ਕਾਪੀ ਆਪ ਨੂੰ ਯੋਗ ਕਾਰਵਾਈ ਹਿੱਤ ਭੇਜੀ ਜਾਂਦੀ ਹੈ।

ਨੱਥੀ: ਉਕਤ ਅਨੁਸਾਰ

(ਬਲਜਿੰਦਰ ਕੌਰ)

ਸੁਪਰਡੰਟ (ਕੋਆਰਡੀਨੇਸ਼ਨ)

ਪਿੱ.ਅੰ.ਨੰ. ਉਕਤ/202343229-232 ਮਿਤੀ 14.02.2023

ਉਤਾਰਾ ਹੇਠ ਲਿਖਿਆ ਨੂੰ ਯੋਗ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ:-

1. ਸਕੱਤਰ, ਪੰਜਾਬ ਸਕੂਲ ਸਿੱਖਿਆ ਬੋਰਡ।
2. ਸਮੂਹ ਅਧਿਕਾਰੀ/ਸ਼ਾਖਾ ਮੁੱਖੀ, ਦਫਤਰ ਡੀ.ਪੀ.ਆਈ. (ਸੈਸਿ/ਐਸਿ), ਪੰਜਾਬ।
3. ਸਮੂਹ ਅਧਿਕਾਰੀ/ਸ਼ਾਖਾ ਮੁੱਖੀ, ਦਫਤਰ ਡੀ.ਜੀ.ਐਸ.ਈ. ਪੰਜਾਬ।
4. ਸਮੂਹ ਅਧਿਕਾਰੀ/ਸ਼ਾਖਾ ਮੁੱਖੀ, ਦਫਤਰ ਡਾਇ. ਐਸ.ਸੀ.ਈ.ਆਰ.ਟੀ. ਪੰਜਾਬ।

(ਬਲਜਿੰਦਰ ਕੌਰ)

ਸੁਪਰਡੰਟ (ਕੋਆਰਡੀਨੇਸ਼ਨ)

2031077
02/02/23

ਪੰਜਾਬ ਸਰਕਾਰ
ਪੈਨਸ਼ਨਾ ਅਤੇ ਪੈਨਸ਼ਨਰਾਂ ਦੀ ਭਲਾਈ ਡਾਇਰੈਕਟੋਰੇਟ
(ਪੈਨਸ਼ਨ-2 ਸ਼ਾਖਾ)
ਵਿੱਤ ਤੇ ਯੋਜਨਾ ਭਵਨ, ਪਲਾਟ ਨੰਬਰ 2 ਬੀ, 5ਵੀਂ ਮੰਜ਼ਿਲ, ਸੈਕਟਰ 33ਏ, ਚੰਡੀਗੜ੍ਹ

ਸੇਵਾ ਵਿਖੇ,

ਪੰਜਾਬ ਰਾਜ ਦੇ ਸਮੂਹ ਵਿਭਾਗਾਂ ਦੇ ਮੁੱਖੀ,
ਡਵੀਜ਼ਨਾਂ ਦੇ ਕਮਿਸ਼ਨਰਜ਼ ਅਤੇ
ਜਿਲ੍ਹਿਆਂ ਦੇ ਡਿਪਟੀ ਕਮਿਸ਼ਨਰਜ਼।
ਮੀਮੋ ਨੰਬਰ 12026/1/2020-2ਪੀ2/ 99,
ਮਿਤੀ, ਚੰਡੀਗੜ੍ਹ 23/01/2023

31-1-23
ਸ਼.3(ਏ)
ਪੈ-1

ਵਿਸ਼ਾ:- ਰਿਟਾਇਰ ਹੋਣ ਵਾਲੇ ਅਧਿਕਾਰੀਆਂ/ਕਰਮਚਾਰੀਆਂ ਦੇ ਪੈਨਸ਼ਨ ਪੇਪਰ ਉਹਨਾਂ ਦੀ ਰਿਟਾਇਰ ਹੋਣ ਦੀ ਮਿਤੀ ਤੋਂ ਘੱਟੋ ਘੱਟ ਛੇ ਮਹੀਨੇ ਪਹਿਲਾਂ ਤਿਆਰ ਕਰਕੇ ਮਹਾਂਲੇਖਾਕਾਰ , ਪੰਜਾਬ ਦੇ ਦਫਤਰ ਨੂੰ ਭੇਜਣ ਬਾਰੇ।

ਸ਼੍ਰੀਮਾਨ/ਸ਼੍ਰੀਮਤੀ ਜੀ,

ਵਿਸ਼ਾ ਅੰਕਿਤ ਮਾਮਲੇ ਸਬੰਧੀ ਆਪ ਦਾ ਧਿਆਨ ਪੰਜਾਬ ਸਿਵਲ ਸਰਵਿਸ ਨਿਯਮਾਂਵਲੀ ਭਾਗ-2 ਦੇ ਨਿਯਮ 9.6 ਵੱਲ ਦਿਵਾਉਂਦੇ ਹੋਏ ਲਿਖਿਆ ਜਾਂਦਾ ਹੈ ਕਿ ਰਿਟਾਇਰ ਹੋਣ ਵਾਲੇ ਅਧਿਕਾਰੀਆਂ/ਕਰਮਚਾਰੀਆਂ ਦੇ ਪੈਨਸ਼ਨ ਸਬੰਧੀ ਦਸਤਾਵੇਜ਼ ਉਹਨਾਂ ਦੇ ਰਿਟਾਇਰ ਹੋਣ ਦੀ ਮਿਤੀ ਤੋਂ ਘੱਟੋ ਘੱਟ ਛੇ ਮਹੀਨੇ ਪਹਿਲਾਂ ਤਿਆਰ ਕਰਕੇ ਮਹਾਂਲੇਖਾਕਾਰ (ਲੇਖਾ ਤੇ ਹੱਕਦਾਰੀ), ਪੰਜਾਬ ਦੇ ਦਫਤਰ ਨੂੰ ਸੈਕਸ਼ਨ/ਅਦਾਇਗੀ ਕਰਨ ਹਿੱਤ ਭੇਜੇ ਜਾਣੇ ਹੁੰਦੇ ਹਨ। ਪਰੰਤੂ ਜਿਆਦਾਤਰ ਪੈਨਸ਼ਨ ਕੇਸਾਂ ਵਿੱਚ ਪ੍ਰਬੰਧਕੀ ਵਿਭਾਗਾਂ/ਵਿਭਾਗਾਂ ਦੇ ਮੁੱਖਿਆਂ ਵੱਲੋਂ ਪੈਨਸ਼ਨ ਅਤੇ ਪੈਨਸ਼ਨਰੀ ਲਾਭਾਂ ਸਬੰਧੀ ਦਸਤਾਵੇਜ਼ ਛੇ ਮਹੀਨੇ ਪਹਿਲਾਂ ਤਿਆਰ ਕਰਕੇ ਮਹਾਂਲੇਖਾਕਾਰ (ਲੇਖਾ ਤੇ ਹੱਕਦਾਰੀ), ਪੰਜਾਬ ਦੇ ਦਫਤਰ ਨੂੰ ਨਹੀ ਭੇਜੇ ਜਾਂਦੇ ਹਨ, ਜਿਸ ਕਾਰਨ ਪੈਨਸ਼ਨ ਕੇਸ ਸਮੇਂ ਸਿਰ ਮੰਨਜੂਰ ਨਹੀਂ ਹੋ ਪਾਉਂਦੇ। ਇਸ ਲਈ ਆਪ ਨੂੰ ਲਿਖਿਆ ਜਾਂਦਾ ਹੈ ਕਿ ਆਪਣੇ ਅਧੀਨ ਆਉਂਦੇ ਦਫਤਰਾਂ ਵਿੱਚ ਅਧਿਕਾਰੀਆਂ/ਕਰਮਚਾਰੀਆਂ ਅਤੇ ਨੇੜਲੇ ਸਮੇਂ ਵਿੱਚ ਰਿਟਾਇਰ ਹੋਣ ਵਾਲੇ ਅਧਿਕਾਰੀਆਂ/ਕਰਮਚਾਰੀਆਂ ਨੂੰ ਪੈਨਸ਼ਨ ਕੇਸਾਂ ਸਬੰਧੀ ਨਿਯਮਾਂ/ਹਦਾਇਤਾਂ ਬਾਰੇ ਜਾਣੂ ਕਰਵਾਇਆ ਜਾਵੇ ਅਤੇ ਪੈਨਸ਼ਨ ਅਤੇ ਪੈਨਸ਼ਨਰੀ ਲਾਭਾਂ ਦੇ ਅਦਾਇਗੀ ਸਬੰਧੀ ਕੇਸ ਰਿਟਾਇਰਮੈਂਟ ਦੀ ਮਿਤੀ ਤੋਂ ਘੱਟੋ-ਘੱਟ ਛੇ ਮਹੀਨੇ ਪਹਿਲਾਂ ਮਹਾਂਲੇਖਾਕਾਰ (ਲੇਖਾ ਤੇ ਹੱਕਦਾਰੀ ),ਪੰਜਾਬ ਨੂੰ ਭਿਜਵਾਉਣਾ ਯਕੀਨੀ ਬਣਾਇਆ ਜਾਵੇ ਤਾਂ ਜੋ ਰਿਟਾਇਰ ਹੋਣ ਵਾਲੇ ਅਧਿਕਾਰੀਆਂ/ਕਰਮਚਾਰੀਆਂ ਨੂੰ ਸਮੇਂ ਸਿਰ ਪੈਨਸ਼ਨ/ਪੈਨਸ਼ਨਰੀ ਲਾਭਾਂ ਦੀ ਅਦਾਇਗੀ ਹੋ ਸਕੇ।

2. ਇਨ੍ਹਾਂ ਹਦਾਇਤਾਂ ਨੂੰ ਆਪ ਦੇ ਅਧੀਨ ਕੰਮ ਕਰ ਰਹੇ ਸਬੰਧਤ ਕਰਮਚਾਰੀਆਂ ਦੇ ਧਿਆਨ ਵਿੱਚ ਪਾਲਣਾ ਅਧੀਨ ਲਿਆਂਦਾ ਜਾਵੇ ਜੀ।

ਡਾਇਰੈਕਟਰ
ਪੈਨਸ਼ਨ ਅਤੇ ਪੈਨਸ਼ਨਰਾਂ ਦੀ ਭਲਾਈ ਵਿਭਾਗ

ਇਸ ਦਾ ਇੱਕ ਉਤਾਰਾ ਪੰਜਾਬ ਸਰਕਾਰ ਦੇ ਸਮੂਹ ਵਿਸ਼ੇਸ਼ ਮੁੱਖ ਸਕੱਤਰ/ਵਧੀਕ ਮੁੱਖ ਸਕੱਤਰ/ਪ੍ਰਮੁੱਖ ਸਕੱਤਰ/ਵਿੱਤੀ ਕਮਿਸ਼ਨਰਜ਼ ਅਤੇ ਪ੍ਰਬੰਧਕੀ ਸਕੱਤਰਾਂ ਨੂੰ ਅਗਲੇਰੀ ਲੋੜੀਂਦੀ ਕਾਰਵਾਈ ਕਰਨ ਹਿੱਤ ਭੇਜਿਆ ਜਾਂਦਾ ਹੈ।

ਡਾਇਰੈਕਟਰ
ਪੈਨਸ਼ਨ ਅਤੇ ਪੈਨਸ਼ਨਰਾਂ ਦੀ ਭਲਾਈ ਵਿਭਾਗ

ਸੇਵਾ ਵਿਖੇ,

ਸਮੂਹ ਵਿਸ਼ੇਸ਼ ਮੁੱਖ ਸਕੱਤਰ/ਵਧੀਕ ਮੁੱਖ ਸਕੱਤਰ/ਪ੍ਰਮੁੱਖ ਸਕੱਤਰ/
ਵਿੱਤੀ ਕਮਿਸ਼ਨਰਜ਼ ਅਤੇ ਪ੍ਰਬੰਧਕੀ ਸਕੱਤਰ, ਪੰਜਾਬ ਸਰਕਾਰ।

ਅੰ.ਵਿ.ਪੱ.ਨੰ. 12026/01/2020-2ਪੀ2/100 ਮਿਤੀ, ਚੰਡੀਗੜ੍ਹ 23/01/2023